**ਰਾਮਕਲੀ ਮਹਲਾ ੫ ॥ ਬਿਰਥਾ ਭਰਵਾਸਾ ਲੋਕ ॥ ਠਾਕੁਰ ਪ੍ਰਭ ਤੇਰੀ ਟੇਕ ॥ ਅਵਰ ਛੂਟੀ ਸਭ ਆਸ ॥ ਅਚਿੰਤ ਠਾਕੁਰ ਭੇਟੇ ਗੁਣਤਾਸ ॥੧॥ ਏਕੋ ਨਾਮੁ ਧਿਆਇ ਮਨ ਮੇਰੇ ॥ ਕਾਰਜੁ ਤੇਰਾ ਹੋਵੈ ਪੂਰਾ ਹਰਿ ਹਰਿ ਹਰਿ ਗੁਣ ਗਾਇ ਮਨ ਮੇਰੇ ॥੧॥ ਰਹਾਉ ॥ ਤੁਮ ਹੀ ਕਾਰਨ ਕਰਨ ॥ ਚਰਨ ਕਮਲ ਹਰਿ ਸਰਨ ॥ ਮਨਿ ਤਨਿ ਹਰਿ ਓਹੀ ਧਿਆਇਆ ॥ ਆਨੰਦ ਹਰਿ ਰੂਪ ਦਿਖਾਇਆ ॥੨॥ ਤਿਸ ਹੀ ਕੀ ਓਟ ਸਦੀਵ ॥ ਜਾ ਕੇ ਕੀਨੇ ਹੈ ਜੀਵ ॥ ਸਿਮਰਤ ਹਰਿ ਕਰਤ ਨਿਧਾਨ ॥ ਰਾਖਨਹਾਰ ਨਿਦਾਨ ॥੩॥ ਸਰਬ ਕੀ ਰੇਣ ਹੋਵੀਜੈ ॥ ਆਪੁ ਮਿਟਾਇ ਮਿਲੀਜੈ ॥ ਅਨਦਿਨੁ ਧਿਆਈਐ ਨਾਮੁ ॥ ਸਫਲ ਨਾਨਕ ਇਹੁ ਕਾਮੁ ॥੪॥੩੩॥੪੪॥** {ਪੰਨਾ 896}

ਪਦਅਰਥ:- ਬਿਰਥਾ—{vãQw} ਬਿਅਰਥ। ਭਰਵਾਸਾ—ਭਰੋਸਾ, ਸਹਾਇਤਾ ਦੀ ਆਸ। ਠਾਕੁਰ ਪ੍ਰਭ—ਹੇ ਠਾਕੁਰ! ਹੇ ਪ੍ਰਭੂ! ਟੇਕ—ਸਹਾਰਾ। ਛੂਟੀ—ਮੁੱਕ ਗਈ। ਅਚਿੰਤ—ਚਿੰਤਾ-ਰਹਿਤ। ਠਾਕੁਰ ਭੇਟੇ—ਠਾਕੁਰ ਨੂੰ ਮਿਲਿਆਂ। ਗੁਣਤਾਸ—ਗੁਣਾਂ ਦਾ ਖ਼ਜ਼ਾਨਾ।1।

ਮਨ—ਹੇ ਮਨ! ਹੋਵੈ ਪੂਰਾ—ਸਿਰੇ ਚੜ੍ਹ ਜਾਇਗਾ। ਕਾਰਜੁ—(ਸਿਮਰਨ ਕਰਨ ਵਾਲਾ ਇਹ) ਕੰਮ।1। ਰਹਾਉ।

ਕਾਰਨ ਕਰਨ—ਕਰਨ ਦਾ ਕਾਰਨ, ਕੀਤੇ ਹੋਏ (ਜਗਤ) ਦਾ ਬਣਾਣ ਵਾਲਾ। ਹਰਿ—ਹੇ ਹਰੀ! ਮਨਿ—ਮਨ ਵਿਚ। ਤਨਿ—ਤਨ ਵਿਚ, ਹਿਰਦੇ ਵਿਚ। ਆਨੰਦ ਹਰਿ ਰੂਪ—ਆਨੰਦ-ਰੂਪ ਹਰਿ। ਦਿਖਾਇਆ—(ਗੁਰੂ ਨੇ) ਵਿਖਾ ਦਿੱਤਾ।2।

ਸਦੀਵ—ਸਦਾ ਹੀ। ਓਟ—ਆਸਰਾ। ਜਾ ਕੇ ਕੀਨੇ—ਜਿਸ (ਪ੍ਰਭੂ) ਦੇ ਬਣਾਏ ਹੋਏ। ਹਰਿ ਕਰਤ—'ਹਰਿ ਹਰਿ' ਕਰਦਿਆਂ, ਹਰਿ-ਨਾਮ ਸਿਮਰਦਿਆਂ। ਨਿਧਾਨ—ਖ਼ਜ਼ਾਨੇ। ਨਿਦਾਨ—ਓੜਕ ਨੂੰ।3।

ਰੇਣ—ਚਰਨ-ਧੂੜ। ਹੋਵੀਜੈ—ਹੋ ਜਾਣਾ ਚਾਹੀਦਾ ਹੈ। ਆਪੁ—ਆਪਾ-ਭਾਵ, ਅਹੰਕਾਰ। ਮਿਟਾਇ—ਮਿਟਾ ਕੇ। ਮਿਲੀਜੈ—ਮਿਲ ਸਕੀਦਾ ਹੈ। ਅਨਦਿਨੁ—{Anuidnz} ਹਰ ਰੋਜ਼, ਹਰ ਵੇਲੇ। ਕਾਮੁ—ਕੰਮ।4।

ਅਰਥ:- ਹੇ ਮੇਰੇ ਮਨ! ਸਿਰਫ਼ ਪਰਮਾਤਮਾ ਦਾ ਨਾਮ ਸਿਮਰਿਆ ਕਰ, ਸਦਾ ਪਰਮਾਤਮਾ ਦੇ ਗੁਣ ਗਾਇਆ ਕਰ। ਤੇਰਾ ਇਹ ਕੰਮ ਜ਼ਰੂਰ ਸਿਰੇ ਚੜ੍ਹੇਗਾ (ਭਾਵ, ਜ਼ਰੂਰ ਫਲ ਦੇਵੇਗਾ)।1। ਰਹਾਉ।

ਹੇ ਮਨ! ਦੁਨੀਆ ਦੀ ਮਦਦ ਦੀ ਆਸ ਰੱਖਣੀ ਵਿਅਰਥ ਹੈ। ਹੇ ਮੇਰੇ ਠਾਕੁਰ! ਹੇ ਮੇਰੇ ਪ੍ਰਭੂ! (ਮੈਨੂੰ ਤਾਂ) ਤੇਰਾ ਹੀ ਆਸਰਾ ਹੈ। ਹੇ ਭਾਈ! ਜਿਹੜਾ ਮਨੁੱਖ ਗੁਣਾਂ ਦੇ ਖ਼ਜ਼ਾਨੇ ਚਿੰਤਾ-ਰਹਿਤ ਮਾਲਕ-ਪ੍ਰਭੂ ਨੂੰ ਮਿਲ ਪੈਂਦਾ ਹੈ, (ਦੁਨੀਆ ਤੋਂ ਕਿਸੇ ਮਦਦ ਦੀ) ਹਰੇਕ ਆਸ (ਉਸ ਦੀ) ਮੁੱਕ ਜਾਂਦੀ ਹੈ।1।

ਹੇ ਪ੍ਰਭੂ! ਇਸ ਜਗਤ-ਰਚਨਾ ਦਾ ਬਣਾਣ ਵਾਲਾ ਤੂੰ ਹੀ ਹੈਂ। (ਮੈਂ ਤਾਂ ਸਦਾ) ਤੇਰੇ ਸੋਹਣੇ ਚਰਨਾਂ ਦੀ ਸਰਨ ਵਿਚ ਰਹਿੰਦਾ ਹਾਂ। ਹੇ ਭਾਈ! ਜਿਸ ਮਨੁੱਖ ਨੇ ਆਪਣੇ ਮਨ ਵਿਚ ਹਿਰਦੇ ਵਿਚ ਸਿਰਫ਼ ਉਸ ਪਰਮਾਤਮਾ ਨੂੰ ਹੀ ਸਿਮਰਿਆ ਹੈ, (ਗੁਰੂ ਨੇ) ਉਸ ਨੂੰ ਆਨੰਦ-ਰੂਪ ਪ੍ਰਭੂ ਦਾ ਦਰਸ਼ਨ ਕਰਾ ਦਿੱਤਾ ਹੈ।2।

ਹੇ ਮੇਰੇ ਮਨ! ਸਦਾ ਹੀ ਉਸੇ ਪ੍ਰਭੂ ਦਾ ਹੀ ਆਸਰਾ ਲਈ ਰੱਖ, ਜਿਸ ਦੇ ਪੈਦਾ ਕੀਤੇ ਹੋਏ ਇਹ ਸਾਰੇ ਜੀਵ ਹਨ। ਹੇ ਮਨ! ਪਰਮਾਤਮਾ ਦਾ ਨਾਮ ਸਿਮਰਦਿਆਂ (ਸਾਰੇ) ਖ਼ਜ਼ਾਨੇ (ਮਿਲ ਜਾਂਦੇ ਹਨ)। ਹੇ ਮਨ! (ਜਦੋਂ ਹੋਰ ਸਾਰੇ ਸਹਾਰੇ ਮੁੱਕ ਜਾਣ, ਤਾਂ) ਅੰਤ ਨੂੰ ਪਰਮਾਤਮਾ ਹੀ ਰੱਖਿਆ ਕਰ ਸਕਣ ਵਾਲਾ ਹੈ।3।

ਹੇ ਮੇਰੇ ਮਨ! ਸਭਨਾਂ ਦੇ ਚਰਨਾਂ ਦੀ ਧੂੜ ਬਣੇ ਰਹਿਣਾ ਚਾਹੀਦਾ ਹੈ, (ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਕੇ ਹੀ ਪਰਮਾਤਮਾ ਨੂੰ ਮਿਲ ਸਕੀਦਾ ਹੈ। ਹੇ ਮਨ! ਪਰਮਾਤਮਾ ਦਾ ਨਾਮ ਹਰ ਵੇਲੇ ਸਿਮਰਨਾ ਚਾਹੀਦਾ ਹੈ। ਹੇ ਨਾਨਕ! (ਸਿਮਰਨ ਕਰਨ ਦਾ) ਇਹ ਕੰਮ ਜ਼ਰੂਰ ਫਲ ਦੇਂਦਾ ਹੈ।4। 33। 44।